ਗਉੜੀ ਮਹਲਾ ੫ ॥ ਨਿਕਸੁ ਰੇ ਪੰਖੀ ਸਿਮਰਿ ਹਰਿ ਪਾਂਖ ॥ ਮਿਲਿ ਸਾਧੂ ਸਰਣਿ ਗਹੁ ਪੂਰਨ ਰਾਮ ਰਤਨੁ ਹੀਅਰੇ ਸੰਗਿ ਰਾਖੁ ॥੧॥ ਰਹਾਉ ॥ ਭ੍ਰਮ ਕੀ ਕੂਈ ਤ੍ਰਿਸਨਾ ਰਸ ਪੰਕਜ ਅਤਿ ਤੀਖ੍ਯ੍ਣ ਮੋਹ ਕੀ ਫਾਸ ॥ ਕਾਟਨਹਾਰ ਜਗਤ ਗੁਰ ਗੋਬਿਦ ਚਰਨ ਕਮਲ ਤਾ ਕੇ ਕਰਹੁ ਨਿਵਾਸ ॥ ੧॥ ਕਰਿ ਕਿਰਪਾ ਗੋਬਿੰਦ ਪ੍ਰਭ ਪ੍ਰੀਤਮ ਦੀਨਾ ਨਾਥ ਸੁਨਹੁ ਅਰਦਾਸਿ ॥ ਕਰੁ ਗਹਿ ਲੇਹੁ ਨਾਨਕ ਕੇ ਸੁਆਮੀ ਜੀਉ ਪਿੰਡੁ ਸਭੁ ਤੁਮਰੀ ਰਾਸਿ ॥੨॥੩॥੧੨੦॥ {ਪੰਨਾ 204}

ਪਦਅਰਥ:- ਨਿਕਸੁ—(ਬਾਹਰ) ਨਿਕਲ। ਰੇ—ਹੇ! ਪੰਖੀ—ਪੰਛੀ। ਪਾਂਖ—ਖੰਭ। ਸਾਧੂ—ਗੁਰੂ। ਮਿਲਿ—ਮਿਲ ਕੇ। ਗਹੁ—ਫੜ। ਹੀਅਰੇ ਸੰਗਿ—ਹਿਰਦੇ ਦੇ ਨਾਲ।1। ਰਹਾਉ।

ਭ੍ਰਮ—ਮਾਇਆ ਦੀ ਖ਼ਾਤਰ ਭਟਕਣਾ। ਕੂਈ—{kup} ਖੂਹੀ। ਪੰਕਜ—ਚਿੱਕੜ। ਤੀਖ੍ਯ੍ਣ—ਤੇਜ਼, ਤ੍ਰਿੱਖੀ। ਫਾਸ—ਫਾਹੀ। ਤਾ ਕੇ ਚਰਨ ਕਮਲ—ਉਸ ਦੇ ਸੋਹਣੇ ਚਰਨਾਂ ਵਿਚ।1।

ਕਰਿ ਕਿਰਪਾ—ਕਿਰਪਾ ਕਰ। ਕਰੁ—ਹੱਥ। {ਨੋਟ:- ਲਫ਼ਜ਼ 'ਕਰਿ' ਕ੍ਰਿਆ ਹੈ। ਲਫ਼ਜ਼ 'ਕਰੁ' ਨਾਂਵ ਹੈ}। ਗਹਿ ਲੇਹੁ—ਫੜ ਲੈ। ਜੀਉ—ਜਿੰਦ। ਪਿੰਡੁ—ਸਰੀਰ। ਰਾਸਿ—ਸਰਮਾਇਆ।2।

ਅਰਥ:- ਹੇ ਜੀਵ-ਪੰਛੀ! (ਮਾਇਆ ਦੇ ਮੋਹ ਦੇ ਆਲ੍ਹਣੇ ਵਿਚੋਂ ਬਾਹਰ) ਨਿਕਲ। ਪਰਮਾਤਮਾ ਦਾ ਸਿਮਰਨ ਕਰ। (ਪ੍ਰਭੂ ਦਾ ਸਿਮਰਨ) ਖੰਭ ਹਨ (ਇਹਨਾਂ ਖੰਭਾਂ ਦੀ ਸਹਾਇਤਾ ਨਾਲ ਹੀ ਤੂੰ ਮੋਹ ਦੇ ਆਲ੍ਹਣੇ ਵਿਚੋਂ ਬਾਹਰ ਉੱਡ ਕੇ ਜਾ ਸਕੇਂਗਾ)। (ਹੇ ਭਾਈ!) ਗੁਰੂ ਨੂੰ ਮਿਲ ਕੇ ਪੂਰਨ-ਪ੍ਰਭੂ ਦਾ ਆਸਰਾ ਲੈ, ਪਰਮਾਤਮਾ ਦਾ ਨਾਮ-ਰਤਨ ਆਪਣੇ ਹਿਰਦੇ ਨਾਲ (ਸਾਂਭ ਕੇ) ਰੱਖ।1। ਰਹਾਉ।

(ਹੇ ਭਾਈ! ਮਾਇਆ ਦੀ ਖ਼ਾਤਰ) ਭਟਕਣ ਦੀ ਖੂਹੀ ਹੈ, ਮਾਇਆ ਦੀ ਤ੍ਰਿਸ਼ਨਾ ਤੇ ਵਿਕਾਰਾਂ ਦੇ ਚਸਕੇ (ਉਸ ਖੂਹੀ ਵਿਚ) ਚਿੱਕੜ ਹੈ, (ਜੀਵਾਂ ਦੇ ਗਲ ਵਿਚ ਪਈ ਹੋਈ) ਮੋਹ ਦੀ ਫਾਹੀ ਬੜੀ ਪੱਕੀ (ਤ੍ਰਿੱਖੀ) ਹੈ। ਇਸ ਫਾਹੀ ਨੂੰ ਕੱਟਣ-ਜੋਗਾ ਜਗਤ ਦਾ ਗੁਰੂ ਗੋਬਿੰਦ ਹੀ ਹੈ। (ਹੇ ਭਾਈ!) ਉਸ ਗੋਬਿੰਦ ਦੇ ਚਰਨ-ਕਮਲਾਂ ਵਿਚ ਨਿਵਾਸ ਕਰੀ ਰੱਖ।1।

ਹੇ ਗੋਬਿੰਦ! ਹੇ ਪ੍ਰੀਤਮ ਪ੍ਰਭੂ! ਹੇ ਗਰੀਬਾਂ ਦੇ ਮਾਲਕ! ਹੇ ਨਾਨਕ ਦੇ ਸੁਆਮੀ! ਮਿਹਰ ਕਰ, ਮੇਰੀ ਬੇਨਤੀ ਸੁਣ, ਮੇਰਾ ਹੱਥ ਫੜ ਲੈ (ਤੇ ਮੈਨੂੰ ਇਸ ਖੂਹੀ ਵਿਚੋਂ ਕੱਢ ਲੈ) ਮੇਰੀ ਇਹ ਜਿੰਦ ਤੇਰਾ ਦਿੱਤਾ ਹੋਇਆ ਸਰਮਾਇਆ ਹੈ, ਮੇਰਾ ਇਹ ਸਰੀਰ ਤੇਰੀ ਬਖ਼ਸ਼ੀ ਹੋਈ ਪੂੰਜੀ ਹੈ (ਇਸ ਰਾਸਿ-ਪੂੰਜੀ ਨੂੰ ਮੋਹ ਦੇ ਹੱਥੀਂ ਉਜੜਨ ਤੋਂ ਤੂੰ ਆਪ ਹੀ ਬਚਾ ਲੈ)।2।3। 120।